**ਦਫਤਰਃ ਡਾਇਰੈਕਟਰ ਸਿਖਿਆ ਵਿਭਾਗ(ਸੈ.ਸਿ.) ਪੰਜਾਬ, ਸ.ਅ.ਸ.ਨਗਰ।**

**(ਸੈਕੰਡਰੀ ਸਿਖਿਆ ਸ਼ਾਖਾ)**

ਸੇਵਾ ਵਿਖੇ

1. ਸਮੂਹ ਜਿਲ੍ਹਾ ਸਿਖਿਆ ਅਫਸਰ (ਸੈ.ਸਿ.) ਪੰਜਾਬ।
2. ਸਮੂਹ ਜਿਲ੍ਹਾ ਸਿਖਿਆ ਅਫਸਰ(ਐ.ਸਿ.) ਪੰਜਾਬ।
3. ਸਮੂਹ ਬਲਾਕ ਪ੍ਰਾਇਮਰੀ ਸਿਖਿਆ ਅਫਸਰ,ਪੰਜਾਬ।

ਮੀਮੋ ਨੰਬਰ DPISE-SEDV0GENL/17/2021-SE-DPISE-/20222254-56

ਮਿਤੀਃ ਸ.ਅ.ਸ.ਨਗਰ, 04/01/2022

ਵਿਸ਼ਾਃ- ਕੋਵਿਡ-19 ਦੇ ਵੱਧ ਰਹੇ ਫੈਲਾਅ ਦੇ ਮੱਦੇਨਜ਼ਰ ਪੰਜਾਬ ਰਾਜ ਵਿੱਚ ਸਮੂਹ ਵਿਦਿਅਕ ਸੰਸਥਾਵਾਂ ਨੂੰ ਮਿਤੀ 15-01-2022 ਤੱਕ ਬੰਦ ਰੱਖਣ ਸਬੰਧੀ।

1.0 ਪੰਜਾਬ ਸਰਕਾਰ, ਡਿਪਾਰਟਮੈਂਟ ਆਫ ਹੋਮ ਅਫੇਅਰਜ਼ ਅਤੇ ਜਸਟਿਸ (ਹੋਮ-4) ਸ਼ਾਖਾ ਦੇ ਪੱਤਰ ਨੰਬਰ 7/56/2020/2H4/33-34 ਮਿਤੀ 04 ਜਨਵਰੀ 2022 ਦੇ ਸਬੰਧ ਵਿੱਚ।

2.0 ਰਾਜ ਵਿੱਚ ਕੋਵਿਡ-19 ਦੇ ਵੱਧ ਰਹੇ ਫੈਲਾਅ ਦੇ ਮੱਦੇਨਜ਼ਰ ਪੰਜਾਬ ਰਾਜ ਵਿੱਚ ਸਥਿਤ ਸਮੂਹ ਸਰਕਾਰੀ/ਸਰਕਾਰੀ ਸਹਾਇਤਾ ਪ੍ਰਾਪਤ, ਪ੍ਰਾਈਵੇਟ, ਅਨਏਡਿਡ ਅਤੇ ਮਾਨਤਾ ਪ੍ਰਾਪਤ ਸਕੂਲ ਮਿਤੀ 15-01-2022 ਤੱਕ ਬੰਦ ਰਹਿਣਗੇ।

3.0 ਸਮੂਹ ਟੀਚਿੰਗ ਅਤੇ ਨਾਨ-ਟੀਚਿੰਗ ਅਮਲਾ ਆਮ ਦਿਨਾਂ ਵਾਂਗ ਆਪਣੀਆਂ ਸੰਸਥਾਵਾਂ ਵਿੱਚ ਹਾਜ਼ਰ ਰਹੇਗਾ। ਸਲਾਨਾ ਪ੍ਰੀਖਿਆ ਦੇ ਮੱਦੇਨਜ਼ਰ ਵਿਦਿਆਰਥੀਆਂ ਦੀ ਪੜ੍ਹਾਈ ਜਾਰੀ ਰੱਖਣ ਲਈ ਟੀਚਿੰਗ ਸਟਾਫ ਸਕੂਲ ਵਿਖੇ ਉਪਲਬਧ ਟੀਚਿੰਗ ਲਰਨਿੰਗ ਏਡਜ਼ ਜਿਵੇਂ ਕਿ ਪ੍ਰੋਜੈਕਟਰ, ਕੰਪਿਊਟਰ ਆਦਿ ਦੀ ਸਹਾਇਤਾ ਨਾਲ ਆਨਲਾਈਨ ਕਲਾਸਾਂ ਲੈਣਗੇ। ਇਸ ਤੋਂ ਇਲਾਵਾ ਸਮੂਹ ਅਧਿਆਪਕ ਵਿਦਿਆਰਥੀਆਂ ਨੂੰ ਪੰਜਾਬ ਐਜੂਕੇਅਰ ਐਪ ਦੀ ਵਰਤੋਂ ਕਰਨ ਲਈ ਪ੍ਰੇਰਿਤ ਕਰਨਗੇ।

4.0 ਕੋਵਿਡ-19 ਸਬੰਧੀ ਭਾਰਤ ਸਰਕਾਰ/ਪੰਜਾਬ ਸਰਕਾਰ/ਸਿਹਤ ਵਿਭਾਗ ਵੱਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ/ਗਾਈਡਲਾਈਨਜ਼ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

ਸਹਾਇਕ ਡਾਇਰੈਕਟਰ(ਸੈ.ਸਿ.)
ਵਾਃ ਡਾਇਰੈਕਟਰ ਸਿਖਿਆ ਵਿਭਾਗ (ਸੈ.ਸਿ.)

ਪਿੱਠ ਅੰਕਣ ਨੰਬਰ ਉਕਤ /20222257-61 ਮਿਤੀ ਸ.ਅ.ਸ.ਨਗਰ, 04/01/2022

ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈਃ-

1. ਨਿੱਜੀ ਸਕੱਤਰ, ਮਾਨਯੋਗ ਸਿੱਖਿਆ ਮੰਤਰੀ, ਪੰਜਾਬ।
2. ਨਿੱਜੀ ਸਕੱਤਰ/ ਸਕੱਤਰ ਸਕੂਲ ਸਿੱਖਿਆ, ਪੰਜਾਬ।
3. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
4. ਡਾਇਰੈਕਟਰ ਸਿਖਿਆ ਵਿਭਾਗ(ਐ.ਸਿ.), ਪੰਜਾਬ।
5. ਡਾਇਰੈਕਟਰ, ਐਸ.ਸੀ.ਈ.ਆਰ.ਟੀ. ਪੰਜਾਬ।

ਸਹਾਇਕ ਡਾਇਰੈਕਟਰ(ਸੈ.ਸਿ.)
ਵਾਃ ਡਾਇਰੈਕਟਰ ਸਿਖਿਆ ਵਿਭਾਗ (ਸੈ.ਸਿ.)